ਰੂਸ ਦੀ ਯਾਤਰਾ ਕਰਨ ਵਾਲੇ ਭਾਰਤੀ ਨਾਗਰਿਕਾਂ ਲਈ ਸਲਾਹ

ਭਾਰਤੀ ਨਾਗਰਿਕਾਂ ਦੀ ਰੂਸੀ ਹਥਿਆਰਬੰਦ ਸੈਨਾਵਾਂ ਵਿੱਚ ਭਰਤੀ ਕੀਤੇ ਜਾਣ ਸਬੰਧੀ ਰਿਪੋਰਟਾਂ ਲਗਾਤਾਰ ਸਾਹਮਣੇ ਆ ਰਹੀਆਂ ਹਨ। ਸਰਕਾਰ ਨੇ ਪਿਛਲੇ ਦੋ ਸਾਲਾਂ ਦੌਰਾਨ ਕਈ ਮੌਕਿਆਂ 'ਤੇ ਇਸ ਤਰ੍ਹਾਂ ਦੇ ਕਦਮ ਨਾਲ ਜੁੜੇ ਜੋਖਮਾਂ ਅਤੇ ਖਤਰਿਆਂ ਨੂੰ ਉਜਾਗਰ ਕੀਤਾ ਹੈ ਅਤੇ ਸਰਕਾਰ ਨੇ ਸਮੇਂ-ਸਮੇਂ 'ਤੇ ਭਾਰਤੀ ਨਾਗਰਿਕਾਂ ਨੂੰ ਵਿਦੇਸ਼ਾਂ ਵਿੱਚ ਰੋਜ਼ਗਾਰ ਦੇ ਮੌਕਿਆਂ ਦੀ ਭਾਲ ਕਰਦੇ ਸਮੇਂ ਸਾਵਧਾਨ ਰਹਿਣ ਅਤੇ ਗੈਰ-ਪ੍ਰਮਾਣਿਤ ਵਿਅਕਤੀਆਂ ਵੱਲੋਂ ਦਿੱਤੀਆਂ ਕਿਸੇ ਵੀ ਨੌਕਰੀ ਦੀਆਂ ਪੇਸ਼ਕਸ਼ਾਂ ਤੋਂ ਪ੍ਰਭਾਵਿਤ ਨਾ ਹੋਣ ਦੀ ਸਲਾਹ ਦਿੱਤੀ ਹੈ।

2. ਸਾਡੇ ਧਿਆਨ ਵਿੱਚ ਅਜਿਹੇ ਕਈ ਮਾਮਲੇ ਵੀ ਆਏ ਹਨ, ਜਿਨ੍ਹਾਂ ਵਿੱਚ ਵਿਅਕਤੀ ਇਸ ਸਮਝ ਨਾਲ ਖੁਦ ਰੂਸੀ ਹਥਿਆਰਬੰਦ ਸੈਨਾਵਾਂ ਵਿੱਚ ਸ਼ਾਮਲ ਹੋਣ ਦੀਆਂ ਪੇਸ਼ਕਸ਼ਾਂ ਦੀ ਭਾਲ ਕਰ ਰਹੇ ਹਨ ਕਿ ਉਹ ਇਸ ਦੇ ਨਾਲ ਮਿਲਣ ਵਾਲੇ ਵਿੱਤੀ ਲਾਭ ਪ੍ਰਾਪਤ ਕਰ ਸਕਣਗੇ ਅਤੇ ਬਾਅਦ ਵਿੱਚ ਭਾਰਤ ਸਰਕਾਰ ਨਾਲ ਸੰਪਰਕ ਕਰਕੇ ਉਥੋਂ ਰਿਹਾਈ ਹਾਸਲ ਕਰ ਲੈਣਗੇ। ਮੁੜ ਸਪਸ਼ਟ ਕੀਤਾ ਜਾਂਦਾ ਹੈ ਕਿ ਇਹ ਇੱਕ ਜੋਖਮ ਭਰਿਆ ਕਦਮ ਹੈ ਅਤੇ ਸਰਕਾਰ ਵੱਲੋਂ ਇਸ ਤੋਂ ਸਖ਼ਤੀ ਨਾਲ ਬਚਣ ਦੀ ਸਲਾਹ ਦਿੱਤੀ ਜਾਂਦੀ ਹੈ।

3. ਅਜਿਹੇ ਕਈ ਮਾਮਲੇ ਵੀ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚ ਵਿਅਕਤੀਆਂ ਨੇ ਭਾਰਤੀ ਅਧਿਕਾਰੀਆਂ ਨਾਲ ਸੰਪਰਕ ਕਰਕੇ ਆਪਣੀ ਭਾਰਤੀ ਨਾਗਰਿਕਤਾ ਤਿਆਗਣ, ਰੂਸੀ ਪਾਸਪੋਰਟ ਪ੍ਰਾਪਤ ਕਰਨ ਅਤੇ ਇਸ ਤੋਂ ਬਾਅਦ ਰੂਸੀ ਹਥਿਆਰਬੰਦ ਸੈਨਾਵਾਂ ਵਿੱਚ ਭਰਤੀ ਹੋਣ ਦੀ ਇੱਛਾ ਪ੍ਰਗਟ ਕੀਤੀ ਹੈ। ਕੁਝ ਵਿਅਕਤੀ ਅਸਥਾਈ ਵਿੱਤੀ ਲਾਭਾਂ ਦੇ ਪ੍ਰਭਾਵ ਹੇਠ ਭਾਰਤੀ ਅਧਿਕਾਰੀਆਂ ਨਾਲ ਸਲਾਹ-ਮਸ਼ਵਰਾ ਕੀਤੇ ਬਿਨਾਂ ਅਜਿਹਾ ਪਹਿਲਾਂ ਹੀ ਕਰ ਚੁੱਕੇ ਹਨ। ਸਲਾਹ ਦਿੱਤੀ ਜਾਂਦੀ ਹੈ ਕਿ ਵਿਅਕਤੀ ਅਜਿਹੀਆਂ ਕਾਰਵਾਈਆਂ ਦੀ ਗੰਭੀਰਤਾ ਨੂੰ ਧਿਆਨ ਵਿੱਚ ਰੱਖਣ ਅਤੇ ਇਹ ਸਮਝਣ ਕਿ ਇਸ ਨਾਲ ਉਨ੍ਹਾਂ ਦੀ ਜਾਨ ਨੂੰ ਗੰਭੀਰ ਖਤਰੇ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਸਰਕਾਰ ਭਾਰਤੀ ਨਾਗਰਿਕਾਂ ਨੂੰ ਅਜਿਹੀਆਂ ਕਾਰਵਾਈਆਂ ਤੋਂ ਪਰਹੇਜ਼ ਕਰਨ ਦੀ ਸਲਾਹ ਦਿੰਦੀ ਹੈ।

4. ਸਾਡੇ ਧਿਆਨ ਵਿੱਚ ਇਹ ਵੀ ਆਇਆ ਹੈ ਕਿ ਗੈਰ-ਸਰਕਾਰੀ ਸੰਸਥਾਵਾਂ, ਜਿਨ੍ਹਾਂ ਵਿੱਚ ਸਵੈਸੇਵੀ ਸਮੂਹ ਵੀ ਸ਼ਾਮਲ ਹਨ, ਵੱਲੋਂ ਵਿਦੇਸ਼ੀ ਨਾਗਰਿਕਾਂ ਨੂੰ ਰੂਸੀ ਹਥਿਆਰਬੰਦ ਸੈਨਾਵਾਂ ਵਿੱਚ ਸੇਵਾ ਕਰਨ ਲਈ ਭਰਤੀ ਕੀਤਾ ਜਾ ਰਿਹਾ ਹੈ। ਭਾਰਤੀ ਨਾਗਰਿਕਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਅਜਿਹੇ ਏਜੰਟਾਂ ਵੱਲੋਂ ਦਿੱਤੀਆਂ ਨੌਕਰੀ ਦੀਆਂ ਪੇਸ਼ਕਸ਼ਾਂ ਸਵੀਕਾਰ ਕਰਨ ਤੋਂ ਪਹਿਲਾਂ ਉਚਿਤ ਜਾਂਚ-ਪੜਤਾਲ ਕਰਨ, ਖਾਸ ਤੌਰ 'ਤੇ ਜਦੋਂ ਅਜਿਹੇ ਏਜੰਟ ਵਿਦੇਸ਼ ਮੰਤਰਾਲੇ ਨਾਲ ਰਜਿਸਟਰਡ ਨਾ ਹੋਣ।

5. ਭਾਰਤ ਸਰਕਾਰ ਰੂਸੀ ਪੱਖ ਨਾਲ ਲਗਾਤਾਰ ਸੰਪਰਕ ਵਿੱਚ ਹੈ ਤਾਂ ਜੋ ਰੂਸੀ ਹਥਿਆਰਬੰਦ ਸੈਨਾਵਾਂ ਵਿੱਚ ਮੌਜੂਦ ਸਾਰੇ ਭਾਰਤੀ ਨਾਗਰਿਕਾਂ ਦੀ ਸੁਰੱਖਿਆ, ਭਲਾਈ ਅਤੇ ਜਲਦ ਰਿਹਾਈ ਯਕੀਨੀ ਬਣਾਈ ਜਾ ਸਕੇ।